# PUNJAB VIDHAN SABHA
## DEBATES

***Monday, the 1st March, 2021***

*Vol. XIV - No. 1*

OFFICIAL REPORT

## CONTENTS


| | Page |
|---|---|
| Obituary References | (1) 1 |



**Punjab Vidhan Sabha Secretariat, Chandigarh**

Price : Rs.________

## PUNJAB VIDHAN SABHA

*Monday, the 1st March, 2021*

*The Vidhan Sabha met in the Punjab Vidhan Sabha Hall, Vidhan Bhavan, Sector 1, Chandigarh at 2.00 P.M. Mr. Speaker (Rana Kanwar Pal Singh) in the Chair.*

---

## OBITUARY REFERENCES

**ਮਾਨਯੋਗ ਸਪੀਕਰ :** ਅਕਾਲ ਚਲਾਣਿਆਂ ਦਾ ਵਰਣਨ। ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਅੱਜ ਤੱਕ ਦੇ ਸਮੇਂ ਦੌਰਾਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਤੋਂ ਵਿੱਛੜ ਗਈਆਂ ਹਨ। ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਏ ਹਾਂ।

ਕੁਝ ਅਜਿਹੀਆਂ ਸ਼ਖਸੀਅਤਾਂ, ਜੋ ਆਪਣੇ ਜੀਵਨ ਨੂੰ ਕੌਮ ਦੇ ਲੇਖੇ ਲਾ ਕੇ, ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਉਂਦੇ ਹੋਏ ਸਾਨੂੰ ਸਦੀਵੀ ਵਿਛੋੜਾ ਦੇ ਗਈਆਂ ਹਨ, ਆਓ, ਉਨ੍ਹਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਆਪਣੀ ਸ਼ਰਧਾਂਜਲੀ ਭੇਂਟ ਕਰੀਏ।

ਸਰਦਾਰ ਬੂਟਾ ਸਿੰਘ, ਸਾਬਕਾ ਕੇਂਦਰੀ ਵਜ਼ੀਰ ਸਾਨੂੰ ਮਿਤੀ 2 ਜਨਵਰੀ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 21 ਮਾਰਚ, 1934 ਨੂੰ ਮੁਸਤਫਾਪੁਰ, ਜ਼ਿਲ੍ਹਾ ਜਲੰਧਰ ਵਿਖੇ ਹੋਇਆ। ਉਹ ਸਾਲ 1986 ਤੋਂ 1989 ਤੱਕ ਕੇਂਦਰ ਸਰਕਾਰ ਵਿੱਚ ਗ੍ਰਹਿ ਮੰਤਰੀ ਰਹੇ ਅਤੇ ਸਾਲ 1998 ਵਿੱਚ ਸ਼੍ਰੀ ਅਟਲ ਬਿਹਾਰੀ ਵਾਜਪਾਈ ਦੀ ਸਰਕਾਰ ਵਿੱਚ ਮੁੜ ਕੈਬਨਿਟ ਮੰਤਰੀ ਬਣੇ। ਉਹ ਸਾਲ 2004 ਤੋਂ 2006 ਤੱਕ ਬਿਹਾਰ ਰਾਜ ਦੇ ਰਾਜਪਾਲ ਵੀ ਰਹੇ। ਉਹ ਅੱਠ ਵਾਰ ਲੋਕ ਸਭਾ ਦੇ ਮੈਂਬਰ ਚੁਣੇ ਗਏ। ਉਨ੍ਹਾਂ ਨੇ ਅਨੁਸੂਚਿਤ ਜਾਤੀਆਂ ਲਈ ਰਾਸ਼ਟਰੀ ਕਮਿਸ਼ਨ ਦੇ ਚੇਅਰਮੈਨ ਵਜੋਂ ਵੀ ਸੇਵਾ ਨਿਭਾਈ।

ਸਰਦਾਰ ਮਹਿੰਦਰ ਸਿੰਘ ਗਿੱਲ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 17 ਨਵੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 20 ਸਤੰਬਰ, 1936 ਨੂੰ ਪਿੰਡ ਫਿਰੋਜ਼ਸ਼ਾਹ, ਜ਼ਿਲ੍ਹਾ ਫਿਰੋਜ਼ਪੁਰ ਵਿਖੇ ਹੋਇਆ। ਸ਼ੁਰੂਆਤੀ ਦੌਰ ਵਿੱਚ ਉਨ੍ਹਾਂ ਨੇ ਨੈਸ਼ਨਲ ਸਟੂਡੈਂਟ ਯੂਨੀਅਨ ਵਿੱਚ ਕੰਮ ਕੀਤਾ। ਉਨ੍ਹਾਂ ਨੇ ਪਿੰਡ ਦੀ ਸਰਪੰਚੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀ ਮੈਂਬਰਸ਼ਿਪ ਤੋਂ ਆਪਣੀ ਸਿਆਸਤ ਸ਼ੁਰੂ ਕੀਤੀ। ਉਹ ਸਾਲ 1956-58 ਵਿੱਚ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਬਣੇ। ਉਹ ਸਾਲ 1967 ਵਿੱਚ

ਵਿਧਾਨ ਸਭਾ ਹਲਕਾ ਫਿਰੋਜ਼ਪੁਰ ਛਾਉਣੀ ਤੋਂ ਅਤੇ ਸਾਲ 1992 ਵਿੱਚ ਵਿਧਾਨ ਸਭਾ ਹਲਕਾ ਬਨੂੜ ਤੋਂ ਇਸ ਸਦਨ ਦੇ ਮੈਂਬਰ ਚੁਣੇ ਗਏ। ਉਹ 1971 ਤੋਂ 1977 ਤੱਕ ਲੋਕ ਸਭਾ ਹਲਕਾ ਫਿਰੋਜ਼ਪੁਰ ਤੋਂ ਭਾਰਤੀ ਸੰਸਦ ਦੇ ਮੈਂਬਰ ਰਹੇ। ਇਸ ਤੋਂ ਇਲਾਵਾ ਉਹ 1976 ਤੋਂ 1979 ਤੱਕ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਵੀ ਰਹੇ ਅਤੇ ਸਾਲ 1996 ਵਿੱਚ ਖੇਤੀਬਾੜੀ ਵਿਭਾਗ ਦੇ ਮੰਤਰੀ ਬਣੇ। ਉਹ 1992 ਤੋਂ 1993 ਤੱਕ ਪੰਜਾਬ ਵਿਧਾਨ ਸਭਾ ਦੀ ਅਨੁਮਾਨ ਕਮੇਟੀ ਦੇ ਚੇਅਰਮੈਨ ਵੀ ਰਹੇ।

ਸਰਦਾਰ ਮੇਜਰ ਸਿੰਘ ਉਬੋਕੇ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 3 ਨਵੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 27 ਅਪ੍ਰੈਲ, 1927 ਨੂੰ ਪਿੰਡ ਉਬੋਕੇ, ਜ਼ਿਲ੍ਹਾ ਤਰਨ ਤਾਰਨ ਵਿਖੇ ਹੋਇਆ। ਉਹ 1980 ਤੋਂ 1987 ਤੱਕ ਵਿਧਾਨ ਸਭਾ ਹਲਕਾ ਵਲਟੋਹਾ ਤੋਂ ਇਸ ਸਦਨ ਦੇ ਮੈਂਬਰ ਰਹੇ। ਉਹ 1985 ਤੋਂ 1987 ਤੱਕ ਮਾਲ ਵਿਭਾਗ ਅਤੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਮੰਤਰੀ ਵੀ ਰਹੇ। ਇਸ ਉਪਰੰਤ ਉਹ ਸਾਲ 1996 ਵਿੱਚ ਲੋਕ ਸਭਾ ਹਲਕਾ ਤਰਨ ਤਾਰਨ ਤੋਂ ਐਮ.ਪੀ. ਚੁਣੇ ਗਏ। ਇਸ ਤੋਂ ਇਲਾਵਾ ਸਰਦਾਰ ਮੇਜਰ ਸਿੰਘ ਉਬੋਕੇ ਜੀ 1979 ਤੋਂ 1996 ਤੱਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵੀ ਰਹੇ। ਉਨ੍ਹਾਂ ਨੇ ਪੰਜਾਬੀ ਸੂਬਾ ਮੋਰਚੇ ਵਿੱਚ ਸਰਗਰਮੀ ਨਾਲ ਹਿੱਸਾ ਲਿਆ

ਪੰਡਿਤ ਬਾਲ ਮੁਕੰਦ ਸ਼ਰਮਾ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 2 ਜਨਵਰੀ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 2 ਜਨਵਰੀ, 1931 ਨੂੰ ਬਾਹਮਨੀਵਾਲਾ, ਜ਼ਿਲ੍ਹਾ ਲਾਹੌਰ (ਪਾਕਿਸਤਾਨ) ਵਿਖੇ ਹੋਇਆ। ਉਹ ਸਾਲ 1969, 1972, 1980 ਅਤੇ 1992 ਵਿੱਚ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਸ਼ਹਿਰੀ ਤੋਂ ਐਮ.ਐਲ.ਏ. ਚੁਣੇ ਗਏ। ਉਹ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਦੇ ਮੰਤਰੀ ਰਹੇ। ਉਨ੍ਹਾਂ ਨੇ ਪੰਜਾਬ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ ਅਤੇ ਪੰਜਾਬ ਵਿਧਾਨ ਸਭਾ ਦੀਆਂ ਵੱਖ-ਵੱਖ ਕਮੇਟੀਆਂ ਦੇ ਮੈਂਬਰ ਵਜੋਂ ਸੇਵਾ ਨਿਭਾਈ। ਉਹ ਸਾਲ 1954 ਤੋਂ 1959 ਤੱਕ ਪਿੰਡ ਦੇ ਸਰਪੰਚ ਵੀ ਰਹੇ। ਇਸ ਤੋਂ ਇਲਾਵਾ ਉਹ ਕੋਆਪਰੇਟਿਵ ਐਗਰੀਕਲਚਰ ਸੇਵਾ ਸੁਸਾਇਟੀ ਦੇ ਪ੍ਰਧਾਨ ਅਤੇ ਸਾਲ 1968 ਵਿੱਚ ਕੋਆਪਰੇਟਿਵ ਲੈਂਡ ਮਾਰਟਗੇਜ਼ ਬੈਂਕ ਦੇ ਡਾਇਰੈਕਟਰ ਵੀ ਰਹੇ।

ਸ਼੍ਰੀ ਸਤਪਾਲ ਗੋਸਾਈਂ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 1 ਦਸੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 2 ਸਤੰਬਰ, 1935 ਨੂੰ ਮੁਰਲੀਵਾਲਾ, ਜ਼ਿਲ੍ਹਾ ਗੁੱਜਰਾਂਵਾਲਾ (ਪਾਕਿਸਤਾਨ) ਵਿਖੇ ਹੋਇਆ। ਉਹ ਸਾਲ 1992, 1997 ਅਤੇ 2007 ਵਿੱਚ ਇਸ ਪਵਿੱਤਰ ਸਦਨ ਦੇ ਮੈਂਬਰ ਚੁਣੇ ਗਏ। ਇਸ ਅਜ਼ੀਮ ਸਦਨ ਦੇ ਮੈਂਬਰਾਂ ਨੇ ਸਾਲ 1997 ਅਤੇ 2007 ਵਿੱਚ ਉਨ੍ਹਾਂ ਨੂੰ ਪੰਜਾਬ ਵਿਧਾਨ ਸਭਾ

ਦੇ ਡਿਪਟੀ ਸਪੀਕਰ ਵਜੋਂ ਚੁਣਿਆ ਅਤੇ ਉਨ੍ਹਾਂ ਨੇ ਇਹ ਜ਼ਿੰਮੇਵਾਰੀ ਬਾਖੂਬੀ ਨਾਲ ਨਿਭਾਈ। ਇਸ ਉਪਰੰਤ ਉਹ ਪੰਜਾਬ ਸਰਕਾਰ ਵਿੱਚ ਸਿਹਤ ਵਿਭਾਗ ਦੇ ਮੰਤਰੀ ਵੀ ਰਹੇ। ਪੰਜਾਬ ਵਿਧਾਨ ਸਭਾ ਦੀ ਹਾਊਸ ਕਮੇਟੀ, ਹੋਰ ਵੱਖ-ਵੱਖ ਕਮੇਟੀਆਂ ਦੇ ਚੇਅਰਮੈਨ ਤੇ ਮੈਂਬਰ ਵਜੋਂ ਸੇਵਾ ਨਿਭਾਉਣ ਤੋਂ ਇਲਾਵਾ ਉਨ੍ਹਾਂ ਨੇ ਨਗਰ ਨਿਗਮ, ਲੁਧਿਆਣਾ ਦੇ ਕੌਂਸਲਰ ਵਜੋਂ ਵੀ ਸੇਵਾ ਨਿਭਾਈ।

ਸ਼੍ਰੀਮਤੀ ਸਤਵੰਤ ਕੌਰ ਸੰਧੂ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 6 ਫਰਵਰੀ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 22 ਫਰਵਰੀ, 1940 ਨੂੰ ਪਿੰਡ ਜਿਓਲੀ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐਸ.ਏ.ਐਸ. ਨਗਰ (ਮੁਹਾਲੀ) ਵਿਖੇ ਹੋਇਆ। ਉਹ ਪੰਜ ਵਾਰ ਹਲਕਾ ਚਮਕੌਰ ਸਾਹਿਬ ਤੋਂ ਐਮ.ਐਲ.ਏ. ਚੁਣੇ ਗਏ। ਉਹ ਛਪਾਈ ਅਤੇ ਲਿਖਣ ਸਮੱਗਰੀ, ਯੁਵਕ ਸੇਵਾਵਾਂ, ਲੋਕ ਸ਼ਿਕਾਇਤਾਂ ਅਤੇ ਪੈਨਸ਼ਨ ਵਿਭਾਗ ਦੇ ਕੈਬਨਿਟ ਮੰਤਰੀ ਅਤੇ ਸਿਹਤ ਤੇ ਸਮਾਜਿਕ ਭਲਾਈ ਵਿਭਾਗ ਦੇ ਰਾਜ ਮੰਤਰੀ ਵੀ ਰਹੇ। ਇਸ ਤੋਂ ਇਲਾਵਾ ਉਨ੍ਹਾਂ ਨੇ ਪੰਜਾਬ ਰਾਜ ਲੈਦਰ ਡਿਵੈਲਪਮੈਂਟ ਕਾਰਪੋਰੇਸ਼ਨ ਦੇ ਚੇਅਰਮੈਨ ਵਜੋਂ ਅਤੇ ਪੰਜਾਬ ਵਿਧਾਨ ਸਭਾ ਦੀਆਂ ਵੱਖ-ਵੱਖ ਕਮੇਟੀਆਂ ਦੇ ਮੈਂਬਰ ਵਜੋਂ ਵੀ ਸੇਵਾ ਨਿਭਾਈ।

ਸ਼੍ਰੀਮਤੀ ਚੰਦਰਾਵਤੀ, ਸਾਬਕਾ ਉਪ ਮੰਤਰੀ, ਸਾਂਝਾ ਪੰਜਾਬ ਵੀ ਸਾਨੂੰ ਮਿਤੀ 15 ਨਵੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 3 ਸਤੰਬਰ, 1928 ਨੂੰ ਹੋਇਆ। ਉਹ ਸਾਲ 1954 ਵਿੱਚ ਪੈਪਸੂ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ ਅਤੇ 1962 ਵਿੱਚ ਪੰਜਾਬ ਵਿਧਾਨ ਸਭਾ ਦੇ ਮੈਂਬਰ ਬਣੇ ਅਤੇ ਸੰਸਦੀ ਸਕੱਤਰ ਨਿਯੁਕਤ ਹੋਏ। ਉਹ ਸਾਲ 1965 ਵਿੱਚ ਖੁਰਾਕ ਅਤੇ ਸਿਵਲ ਸਪਲਾਈਜ਼ ਵਿਭਾਗ ਦੇ ਉਪ ਮੰਤਰੀ ਰਹੇ। ਇਸ ਉਪਰੰਤ ਉਹ ਸਾਲ 1977 ਵਿੱਚ ਲੋਕ ਸਭਾ ਹਲਕਾ ਭਿਵਾਨੀ (ਹਰਿਆਣਾ) ਤੋਂ ਭਾਰਤੀ ਸੰਸਦ ਦੇ ਮੈਂਬਰ ਚੁਣੇ ਗਏ। ਉਨ੍ਹਾਂ ਨੇ ਸਾਲ 1990 ਵਿੱਚ ਪੁਡੂਚੇਰੀ ਦੇ ਲੈਫਟੀਨੈਂਟ ਗਵਰਨਰ ਵਜੋਂ ਵੀ ਜ਼ਿੰਮੇਵਾਰੀ ਸੰਭਾਲੀ।

ਸ਼੍ਰੀ ਬ੍ਰਿਜ ਲਾਲ ਗੋਇਲ, ਸਾਬਕਾ ਐਮ.ਐਲ.ਏ. ਵੀ ਸਾਨੂੰ ਮਿਤੀ 10 ਨਵੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 22 ਜੁਲਾਈ, 1938 ਨੂੰ ਪਿੰਡ ਕੱਲਰ ਭੈਣੀ, ਜ਼ਿਲ੍ਹਾ ਪਟਿਆਲਾ ਵਿਖੇ ਹੋਇਆ। ਉਹ ਸਾਲ 1972 ਵਿੱਚ ਵਿਧਾਨ ਸਭਾ ਹਲਕਾ ਰਾਜਪੁਰਾ ਤੋਂ ਐਮ.ਐਲ.ਏ. ਚੁਣੇ ਗਏ। ਉਹ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦੇ ਪ੍ਰਧਾਨ ਵੀ ਰਹੇ। ਉਨ੍ਹਾਂ ਨੇ ਵੱਖ-ਵੱਖ ਸਮਾਜਿਕ ਅਤੇ ਰਾਜਨੀਤਿਕ ਕਾਨਫਰੰਸਾਂ ਵਿੱਚ ਭਾਗ ਲਿਆ ਅਤੇ ਪਨਸਪ ਦੇ ਚੇਅਰਮੈਨ ਵਜੋਂ ਵੀ ਸੇਵਾ ਨਿਭਾਈ।

[ਮਾਨਯੋਗ ਸਪੀਕਰ]

ਇਨ੍ਹਾਂ ਤੋਂ ਇਲਾਵਾ, ਮਿਤੀ 26 ਫਰਵਰੀ, 2021 ਨੂੰ ਦੇਸ਼ ਦੀ ਸਰਹੱਦ ਦੀ ਰਾਖੀ ਕਰਦਿਆਂ ਲੇਹ ਖੇਤਰ ਦੇ ਬਟਾਲਿਕ ਸੈਕਟਰ ਵਿੱਚ ਦੇਸ਼ ਵਿਰੋਧੀ ਤਾਕਤਾਂ ਨਾਲ ਲੜਾਈ ਲੜਦਿਆਂ ਸ਼ਹੀਦ ਹੋਏ ਸੈਨਿਕ ਨਾਇਬ ਸੂਬੇਦਾਰ ਸਰਦਾਰ ਪਰਵਿੰਦਰ ਸਿੰਘ ਵੀ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 11 ਮਈ, 1978 ਨੂੰ ਜਗਰਾਉਂ, ਜ਼ਿਲ੍ਹਾ ਲੁਧਿਆਣਾ ਵਿਖੇ ਹੋਇਆ।

ਇਨ੍ਹਾਂ ਉੱਘੀਆਂ ਸ਼ਖਸੀਅਤਾਂ ਤੋਂ ਇਲਾਵਾ ਸ਼੍ਰੀ ਅਜੀਤ ਸਿੰਘ, ਜਥੇਦਾਰ ਸਰਦਾਰ ਗੋਹਲ ਸਿੰਘ ਤੁੜ, ਸ਼੍ਰੀ ਬਲਵੰਤ ਸਿੰਘ ਅਤੇ ਸ਼੍ਰੀ ਹਰਬੰਸ ਸਿੰਘ, ਸਾਰੇ ਸੁਤੰਤਰਤਾ ਸੰਗਰਾਮੀ ਵੀ ਪਿਛਲੇ ਦਿਨੀਂ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ। ਇਨ੍ਹਾਂ ਸਾਰੇ ਸੁਤੰਤਰਤਾ ਸੰਗਰਾਮੀਆਂ ਨੇ ਆਪਣੀ ਲਗਨ, ਮਿਹਨਤ ਅਤੇ ਕੁਰਬਾਨੀ ਸਦਕਾ ਹਿੰਦੁਸਤਾਨ ਨੂੰ ਅਜ਼ਾਦ ਕਰਵਾਉਣ ਵਿੱਚ ਆਪਣਾ-ਆਪਣਾ ਵਡਮੁੱਲਾ ਯੋਗਦਾਨ ਪਾਇਆ। ਅੱਜ ਅਸੀਂ ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਅਸੀਂ ਹਮੇਸ਼ਾ ਇਨ੍ਹਾਂ ਸੁਤੰਤਰਤਾ ਸੰਗਰਾਮੀਆਂ ਦੇ ਰਿਣੀ ਰਹਾਂਗੇ ਅਤੇ ਉਨ੍ਹਾਂ ਨੂੰ ਕਦੇ ਵੀ ਭੁਲਾ ਨਹੀਂ ਸਕਦੇ।

ਇਨ੍ਹਾਂ ਤੋਂ ਇਲਾਵਾ ਸ਼੍ਰੀ ਸਰਦੂਲ ਸਿਕੰਦਰ, ਪੰਜਾਬੀ ਗਾਇਕ ਵੀ ਸਾਨੂੰ ਮਿਤੀ 24 ਫਰਵਰੀ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 25 ਜਨਵਰੀ, 1961 ਨੂੰ ਪਿੰਡ ਖੇੜੀ ਨੌਧ ਸਿੰਘ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਹੋਇਆ। ਉਹ ਪ੍ਰਸਿੱਧ ਅਦਾਕਾਰ ਅਤੇ ਗਾਇਕ ਸਨ।

ਸ਼੍ਰੀ ਸਤਬੀਰ ਸਿੰਘ ਦਰਦੀ, ਪੱਤਰਕਾਰ ਵੀ ਸਾਨੂੰ ਮਿਤੀ 16 ਫਰਵਰੀ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 11 ਮਾਰਚ, 1978 ਨੂੰ ਪਟਿਆਲੇ ਵਿਖੇ ਹੋਇਆ। ਉਹ ਚੜ੍ਹਦੀਕਲਾ ਟਾਈਮ ਟੀ.ਵੀ. ਦੇ ਡਾਇਰੈਕਟਰ ਸਨ। ਉਨ੍ਹਾਂ ਨੇ ਅੰਤਰ ਰਾਸ਼ਟਰੀ ਸਮਾਗਮਾਂ ਦੀ ਮੀਡੀਆ ਕਵਰੇਜ ਲਈ ਵੱਖ-ਵੱਖ ਮੁਲਕਾਂ ਦਾ ਦੌਰਾ ਕੀਤਾ।

ਇਨ੍ਹਾਂ ਤੋਂ ਇਲਾਵਾ ਕੇਂਦਰੀ ਖੇਤੀ ਕਾਨੂੰਨਾਂ ਵਿਰੁੱਧ ਚੱਲ ਰਹੇ ਅੰਦੋਲਨ ਦੌਰਾਨ ਬਹੁਤ ਸਾਰੇ ਕਿਸਾਨ ਅਤੇ ਖੇਤ ਮਜ਼ਦੂਰ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ, ਜਿਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ ਦਾ ਸਾਨੂੰ ਗਹਿਰਾ ਸਦਮਾ ਹੋਇਆ ਹੈ।

ਕੋਵਿਡ-19 ਮਹਾਂਮਾਰੀ ਕਾਰਨ ਵੀ ਰਾਜ ਦੇ ਵਸਨੀਕ ਅਕਾਲ ਚਲਾਣਾ ਕਰ ਗਏ ਹਨ, ਜਿਨ੍ਹਾਂ ਦੇ ਚਲੇ ਜਾਣ ਦਾ ਇਸ ਸਦਨ ਨੂੰ ਗਹਿਰਾ ਦੁੱਖ ਹੈ।

ਇਨ੍ਹਾਂ ਤੋਂ ਇਲਾਵਾ ਉੱਘੇ ਭਜਨ ਗਾਇਕ, ਸ਼੍ਰੀ ਨਰਿੰਦਰ ਚੰਚਲ ਜੀ ਵੀ ਸਾਨੂੰ

ਮਿਤੀ 22 ਜਨਵਰੀ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਅੰਮ੍ਰਿਤਸਰ ਵਿਖੇ ਹੋਇਆ ਸੀ। ਉਨ੍ਹਾਂ ਨੇ ਧਾਰਮਿਕ ਗੀਤਾਂ ਤੋਂ ਇਲਾਵਾ ਹਿੰਦੀ ਫਿਲਮਾਂ ਵਿਚ ਵੀ ਗਾਣੇ ਗਾਏ।

ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਸਭਨਾਂ ਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ ਅਤੇ ਅਸੀਂ ਉਨ੍ਹਾਂ ਦੀਆਂ ਵਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸ਼ਖਸੀਅਤਾਂ ਦੇ ਪਦ ਚਿੰਨ੍ਹਾਂ ਤੇ ਚਲਦੇ ਹੋਏ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹੀਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।

**ਸਰਦਾਰ ਕੁਲਤਾਰ ਸਿੰਘ ਸੰਧਵਾਂ:** ਮਾਨਯੋਗ ਸਪੀਕਰ ਸਾਹਿਬ, ਸਾਡੇ ਇਤਿਹਾਸ ਦੇ ਵਿਚ ਪਹਿਲੀ ਵਾਰ ਹੋਇਆ ਹੈ ਕਿ ਇਕ ਪਿਓ ਅਤੇ ਪੁੱਤਰ, ਸਰਦਾਰ ਕਿਰਪਾਲ ਸਿੰਘ ਅਤੇ ਸਰਦਾਰ ਜਗਤਾਰ ਸਿੰਘ ਜਿਹੜੇ ਕਿਸਾਨ ਸਨ, ਉਨ੍ਹਾਂ ਨੇ ਆਪਣੇ ਕਰਜ਼ੇ ਤੋਂ ਤੰਗ ਆ ਕੇ ਅਤੇ ਸਾਡੀ ਕੇਂਦਰ ਸਰਕਾਰ ਵੱਲੋਂ ਜਿਹੜੇ ਧੱਕੇ ਨਾਲ ਤਿੰਨ ਕਾਲੇ ਕਾਨੂੰਨ ਪਾਸ ਕੀਤੇ ਗਏ ਹਨ, ਉਨ੍ਹਾਂ ਤੋਂ ਤੰਗ ਆ ਕੇ ਇਕੱਠਿਆਂ ਖੁਦਕੁਸ਼ੀ ਕੀਤੀ। ਉਹ ਬਕਾਇਦਾ ਲਿਖ ਕੇ ਗਏ ਹਨ ਅਤੇ ਇਹ ਬੜੇ ਦੁੱਖ ਨਾਲ ਕਹਿਣਾ ਪੈਂਦਾ ਹੈ ਕਿ ਉਨ੍ਹਾਂ ਨੇ ਸਾਡੇ ਮੁੱਖ ਮੰਤਰੀ ਸਾਹਿਬ ਦਾ ਨਾਮ ਵੀ ਲਿਖਿਆ ਹੈ। ਸੋ, ਮੇਰੀ ਬੇਨਤੀ ਹੈ ਕਿ ਉਨ੍ਹਾਂ ਦੋਹਾਂ ਨੂੰ ਵੀ ਸ਼ਰਧਾਂਜਲੀ ਦਿੱਤੀ ਜਾਣੀ ਚਾਹੀਦੀ ਹੈ।

**ਮਾਨਯੋਗ ਸਪੀਕਰ:** ਬੈਠੋ, ਬੈਠੋ। ਇਹ ਸਦਨ ਵਿਛੜੀਆਂ ਸ਼ਖਸੀਅਤਾਂ ਦੇ ਅਕਾਲ ਚਲਾਣਾ ਕਰ ਜਾਣ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਾ ਹੈ। ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਇਨ੍ਹਾਂ ਸਾਰੀਆਂ ਵਿਛੜੀਆਂ ਸ਼ਖਸੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀਕਲਾ ਵਿੱਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖਸ਼ਣ।

**ਸਰਦਾਰ ਨਾਜਰ ਸਿੰਘ ਮਾਨਸ਼ਾਹੀਆ:** ਸਪੀਕਰ ਸਾਹਿਬ, ਜਿਨ੍ਹਾਂ ਸ਼ਖਸੀਅਤਾਂ ਨੂੰ ਆਪਾਂ ਸ਼ਰਧਾਂਜਲੀ ਦੇ ਰਹੇ ਹਾਂ, ਇਨ੍ਹਾਂ ਤੋਂ ਇਲਾਵਾ ਮੇਰੇ ਮਾਨਸਾ ਸ਼ਹਿਰ ਦੇ ਦੋ ਨਾਮੀ ਕਲਾਕਾਰ ਜਿਨ੍ਹਾਂ ਦਾ ਫਿਲਮੀ ਜਗਤ ਵਿਚ ਵੀ ਬਹੁਤ ਰੋਲ ਰਿਹਾ ਹੈ, ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ। ਇਕ ਸ਼੍ਰੀ ਮੋਹਨ ਮਿੱਡਾ ਜੀ, ਜਿਹੜੇ ਮਿਤੀ 28.01.2021 ਨੂੰ ਅਕਾਲ ਚਲਾਣਾ ਕਰ ਗਏ ਹਨ ਅਤੇ ਸਾਡੇ ਸ਼ਹਿਰ ਦੀ ਬੜੀ ਨਾਮੀ ਸ਼ਖਸੀਅਤ ਸ਼੍ਰੀ ਦਰਸ਼ਨ ਦਰਵੇਸ਼ ਵੀ ਮਿਤੀ 3 ਫਰਵਰੀ, 2021 ਨੂੰ ਅਕਾਲ ਚਲਾਣਾ ਕਰ ਗਏ ਹਨ। ਮੈਂ ਸਦਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਨੂੰ ਵੀ ਸ਼ਰਧਾਂਜਲੀ ਦਿੱਤੀ ਜਾਵੇ ਜੀ।

**ਮਾਨਯੋਗ ਸਪੀਕਰ:** ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਸ਼੍ਰੀ ਮੋਹਨ ਮਿੱਡਾ, ਰੰਗਮੰਚ ਕਲਾਕਾਰ ਤੇ ਅਦਾਕਾਰ ਅਤੇ ਸ਼੍ਰੀ ਦਰਸ਼ਨ ਦਰਵੇਸ਼, ਪੱਤਰਕਾਰ ਤੇ ਲੇਖਕ, ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਹਨ, ਦੇ ਨਾਵਾਂ ਨੂੰ ਵੀ ਸ਼ਾਮਲ ਕਰ ਲਿਆ ਜਾਵੇ?

(ਆਵਾਜ਼ਾਂ : ਹਾਂ ਜੀ, ਹਾਂ ਜੀ।)

**ਮਾਨਯੋਗ ਸਪੀਕਰ:** ਇਨ੍ਹਾਂ ਨੂੰ ਵੀ ਸ਼ਾਮਲ ਕਰ ਲਿਆ ਗਿਆ ਹੈ। ਸਦਨ ਦੀ ਸਹਿਮਤੀ ਅਨੁਸਾਰ ਸ਼ੋਕ ਪ੍ਰਸਤਾਵ ਸਾਰੀਆਂ ਵਿਛੜੀਆਂ ਸ਼ਖਸੀਅਤਾਂ ਦੇ ਪਰਿਵਾਰਾਂ ਨੂੰ ਭੇਜ ਦਿੱਤੇ ਜਾਣਗੇ। ਹੁਣ, ਮੈਂ ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿਛੜੀਆਂ ਰੂਹਾਂ ਦੀ ਯਾਦ ਵਿਚ ਦੋ ਮਿੰਟ ਮੋਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਸਮੇਂ ਸਦਨ ਵਿੱਚ ਹਾਜ਼ਰ ਸਮੂਹ ਮੈਂਬਰਾਂ ਵੱਲੋਂ ਵਿਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਖੜ੍ਹੇ ਹੋ ਕੇ ਦੋ ਮਿੰਟ ਦਾ ਮੋਨ ਧਾਰਨ ਕੀਤਾ ਗਿਆ ।)

**ਮਾਨਯੋਗ ਸਪੀਕਰ :** ਧੰਨਵਾਦ ਜੀ। ਹੁਣ, ਸਦਨ ਮੰਗਲਵਾਰ, ਮਿਤੀ 2 ਮਾਰਚ, 2021 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੁੰਦਾ ਹੈ ।

*2.15 ਵਜੇ ਬਾਅਦ ਦੁਪਹਿਰ)

(ਇਸ * ਸਮੇਂ ਸਦਨ ਮੰਗਲਵਾਰ, ਮਿਤੀ 2 ਮਾਰਚ, 2021 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੋ ਗਿਆ।)

---------

©2021

Published under the authority of the Punjab Vidhan Sabha and type-setting & printed by the Controller, Printing & Stationery, Punjab at the Government Press, S.A.S. Nagar.

PGP, Mohali / 10506 / 03-2021/230 Copies.